ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਕ ਖਬਰਾਂ ਪੰਜਾਬੀ

13:10

ਮਿਤੀ: 05-11-2026

ਕੇਂਦਰ ਸਰਕਾਰ ਨੇ ਪੰਜਾਬ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਵਿਕਸਿਤ ਭਾਰਤ-ਰੋਜ਼ਗਾਰ ਅਤੇ ਅਜੀਵਿਕਾ ਲਈ ਗਾਰੰਟੀ ਮਿਸ਼ਨ (ਗ੍ਰਾਮੀਣ): VB-G RAM G ਕਾਨੂੰਨ, 2025 ਤਹਿਤ ਤਾਲਮੇਲ ਰਾਹੀਂ ਚਾਰਾ ਸੁਰੱਖਿਆ, ਚਰਾਗਾਹ ਵਿਕਾਸ ਅਤੇ ਪਸ਼ੂਧਨ-ਸਹਾਇਤਾ ਵਾਲੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇੱਕ ਸਲਾਹ ਜਾਰੀ ਕੀਤੀ ਏ । ਇਹ ਸਲਾਹ ਦਿਹਾਤੀ ਵਿਕਾਸ ਵਿਭਾਗ ਅਤੇ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਵਲੋਂ ਸਾਂਝੇ ਤੌਰ 'ਤੇ ਜਾਰੀ ਕੀਤੀ ਗਈ ਏ । ਇਹ ਸਲਾਹ VB-G RAM G ਢਾਂਚੇ ਤਹਿਤ 375 ਆਗਿਆਯੋਗ ਕੰਮਾਂ ਦੀ ਸੂਚੀ ਵਿੱਚੋਂ 22 ਸੰਬੰਧਿਤ ਕੰਮਾਂ ਦੀ ਪਛਾਣ ਕਰਦੀ ਏ । ਇਨ੍ਹਾਂ ਵਿਚ ਚਾਰੇ ਦੀ ਕਾਸ਼ਤ ਅਤੇ ਭੰਡਾਰ, ਚਰਾਗਾਹ ਵਿਕਾਸ, ਪਸ਼ੂਧਨ ਆਸਰਾ, ਡੇਅਰੀ ਬੁਨਿਆਦੀ ਢਾਂਚੇ ਅਤੇ ਪਸ਼ੂਧਨ ਸਿਹਤ ਸਹੂਲਤਾਂ ਸ਼ਾਮਿਲ ਨੇ।

ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਆਪਣੇ ਵਿਭਾਗ ਦੀ ਅਹਿਮ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਹੋਇਆਂ ਆਉਂਦੀ 13 ਤੋਂ 15 ਨਵੰਬਰ ਤੱਕ ਚੰਡੀਗੜ੍ਹ ਦੇ ਸੈਕਟਰ 5 ਸਥਿਤ ਲੇਕ ਕਲੱਬ ਵਿੱਚ ਹੋਣ ਵਾਲੇ 10ਵੇਂ ਮਿਲਟਰੀ ਲਿਟ੍ਰੇਚਰ ਫੈਸਟੀਵਲ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਇਹ ਲਿਟ੍ਰੇਚਰ ਫੈਸਟੀਵਲ ਲੋਕਾਂ ਲਈ ਸਵੇਰੇ 9 ਵਜੇ ਤੋਂ ਸ਼ਾਮ 6 ਵਜੇ ਤੱਕ ਚੱਲੇਗਾ। ਮੀਟਿੰਗ ਦੌਰਾਨ ਮੰਤਰੀ ਨੇ ਸਾਬਕਾ ਫੌਜੀਆਂ ਨਾਲ ਸਬੰਧਤ ਮਾਮਲਿਆਂ ਦੀ ਪੜਚੋਲ ਕੀਤੀ ਅਤੇ ਸਬੰਧਤ ਅਫ਼ਸਰਾਂ ਨੂੰ ਵੇਲੇ ਸਿਰ ਕਾਰਵਾਈ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

ਪੰਜਾਬ ਪੁਲਿਸ ਨੇ 16 ਵਿਅਕਤੀਆਂ ਨੂੰ ਅਤਿ-ਆਧੁਨਿਕ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕਰ ਕੇ ਗੈਰ-ਕਾਨੂੰਨੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਇਨ੍ਹਾਂ ਗ੍ਰਿਫ਼ਤਾਰੀਆਂ ਬਾਰੇ ਪੁਸ਼ਟੀ ਕਰਦੇ ਹੋਏ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਅੱਜ ਦੱਸਿਆ ਕਿ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 5 ਪਿਸਤੌਲਾਂ, 2 ਆਧੁਨਿਕ ਉਜ਼ੀ ਬੰਦੂਕਾਂ, ਜ਼ਿੰਦਾ

ਕਾਰਤੂਸ ਅਤੇ 2 ਹੱਥਗੋਲੇ ਬਰਾਮਦ ਹੋਏ ਨੇ। ਇਨ੍ਹਾਂ ਕੋਲੋਂ 34 ਕਿੱਲੋ ਹੈਰੋਇਨ ਵੀ ਜ਼ਬਤ ਕੀਤੀ ਗਈ ਏ। ਇਹ ਕਾਰਵਾਈ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਕੀਤੀ ਏ, ਜਿਸ ਦਾ ਦਾਅਵਾ ਏ ਕਿ ਗ੍ਰਿਫ਼ਤਾਰੀਆਂ ਦੇ ਨਾਲ ਸੂਬੇ ਵਿੱਚ ਗੋਲੀਬਾਰੀ ਦੀਆਂ ਤਿੰਨ ਵਾਰਦਾਤਾਂ ਨੂੰ ਹੱਲ ਕਰ ਲਿਆ ਗਿਆ ਏ।

ਪੰਜਾਬ ਸਰਕਾਰ ਦੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਯੂਨੀਵਰਸਿਟੀ ਕਾਲਜ ਘਨੌਰ ਦੇ ਪੰਜਾਬੀ ਵਿਭਾਗ ਅਤੇ ਰੈੱਡ ਰਿਬਨ ਕਲੱਬ ਵੱਲੋਂ ਸਾਂਝੇ ਤੌਰ ’ਤੇ ‘ਨੌਜਵਾਨ ਚੇਤਨਾ ਬੈਠਕ’ ਕਰਵਾਈ ਗਈ। ਇਸ ਮੌਕੇ ਅਦਾਕਾਰ ਅਤੇ ਲੇਖਕ ਰਾਣਾ ਰਣਬੀਰ ਨੇ ਵਿਦਿਆਰਥੀਆਂ ਨਾਲ ਰੂ-ਬ-ਰੂ ਹੁੰਦਿਆਂ ਨਸ਼ਿਆਂ, ਨਿਰਾਸ਼ਾ ਅਤੇ ਪਰਵਾਸ ਵਰਗੀਆਂ ਚੁਣੌਤੀਆਂ ਦੇ ਦੌਰ ਵਿੱਚ ਸਹੀ ਦਿਸ਼ਾ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਖ਼ਾਸਕਰ ਵਿਦਿਆਰਥਣਾਂ ਨੂੰ ਪਰਿਵਾਰ ਅਤੇ ਸਮਾਜ ਵਿੱਚ ਔਰਤਾਂ ਦੇ ਸਤਿਕਾਰ ਦਾ ਸੁਨੇਹਾ ਫੈਲਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰਨਾਂ ਬੁਲਾਰਿਆਂ ਨੇ ਨੌਜਵਾਨਾਂ ਨੂੰ ਇਖ਼ਲਾਕੀ ਕਦਰਾਂ-ਕੀਮਤਾਂ ਨਾਲ ਜੁੜਣ ’ਤੇ ਜ਼ੋਰ ਦਿੱਤਾ ।

ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (ਐੱਨਆਈਟੀ) ਜਲੰਧਰ ਨੇ ਕਿਊਐੱਸ ਏਸ਼ੀਆ ਯੂਨੀਵਰਸਿਟੀ ਰੈਂਕਿੰਗ 2027 ਵਿੱਚ ਏਸ਼ੀਆ ਦੀਆਂ ਯੂਨੀਵਰਸਿਟੀਆਂ ਵਿੱਚੋਂ 486ਵਾਂ ਸਥਾਨ ਹਾਸਲ ਕੀਤਾ ਏ, ਜਦਕਿ ਪਿਛਲੇ ਸਾਲ ਵਿੱਚ ਸੰਸਥਾ 666ਵੇਂ ਸਥਾਨ 'ਤੇ ਸੀ। ਇਸ ਸਾਲ ਐੱਨਆਈਟੀ ਜਲੰਧਰ ਨੇ 180 ਸਥਾਨਾਂ ਦੀ ਬਿਹਤਰ ਰੈਂਕਿੰਗ ਹਾਸਲ ਕਰਦਿਆਂ ਦੇਸ਼ ਦੇ ਸਾਰੇ ਐੱਨਆਈਟੀਜ਼ ਵਿੱਚੋਂ ਚੌਥਾ ਸਥਾਨ ਹਾਸਲ ਕੀਤਾ। ਇਸ ਪ੍ਰਾਪਤੀ ਵਿੱਚ ਸੰਸਥਾ ਦੇ ਫੈਕਲਟੀ ਮੈਂਬਰਾਂ, ਰਿਸਰਚ ਸਕਾਲਰਾਂ, ਸਟਾਫ਼ ਅਤੇ ਵਿਦਿਆਰਥੀਆਂ ਦਾ ਯੋਗਦਾਨ ਰਿਹਾ ਏ।

ਹਾਕੀ ਵਿੱਚ, ਭਾਰਤ ਨੇ ਦੱਖਣੀ ਕੋਰੀਆ ਨੂੰ 8-1 ਨਾਲ ਹਰਾ ਕੇ, 9ਵੀਂ ਹੀਰੋ ਏਸ਼ੀਅਨ ਹਾਕੀ ਚੈਂਪੀਅਨਸ ਟਰਾਫੀ ਦੇ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕਰ ਲਈ ਏ। ਜੇਤੂ ਟੀਮ ਦਾ ਅੱਜ ਮੋਹਾਲੀ ਦੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰਰਾਸ਼ਟਰੀ ਹਾਕੀ ਸਟੇਡੀਅਮ ਵਿੱਚ ਜਾਪਾਨ ਨਾਲ ਮੁਕਾਬਲਾ ਹੋਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ।

ਓਧਰ ਮਲੇਸ਼ੀਆ ਦੀ ਟੀਮ ਪੈਨਲਟੀ ਸ਼ੂਟ-ਆਊਟ ਵਿੱਚ, ਜਾਪਾਨ ਤੋਂ 5-3 ਨਾਲ ਹਾਰ ਗਈ। ਹੁਣ ਕਾਂਸੀ ਦੇ ਤਮਗੇ ਲਈ ਦੱਖਣੀ ਕੋਰੀਆ ਅਤੇ ਮਲੇਸ਼ੀਆ ਦਰਮਿਆਨ ਮੁਕਾਬਲਾ ਹੋਵੇਗਾ।

ਵੇਰਵੇ ਨਾਲ ਇੱਕ ਰਿਪੋਰਟ:

ਭਾਰਤ ਵਲੋਂ ਜਪਾਨ ਨੂੰ ਹਰਾ ਕੇ ਸ਼ਾਨਦਾਰ ਢੰਗ ਨਾਲ ਫਾਈਨਲ ਵਿੱਚ ਪਹੁੰਚਣ 'ਤੇ ਸਟੇਡੀਅਮ ਵਿਚ ਜਸ਼ਨ ਮਾਹੌਲ ਬਣ ਗਿਆ ਸੀ । ਟੀਮ ਨੂੰ ਉਤਸ਼ਾਹਿਤ ਕਰਨ ਵਾਲਿਆਂ ਵਿੱਚ 1975 ਦੇ ਵਿਸ਼ਵ ਕੱਪ ਹਾਕੀ ਜੇਤੂ ਕਪਤਾਨ ਅਜੀਤਪਾਲ ਸਿੰਘ ਅਤੇ ਅਸਲਮ ਸ਼ੇਰ ਖਾਨ ਸਮੇਤ ਜ਼ਫਰ ਇਕਬਾਲ, ਓਲੰਪੀਅਨ ਬਲਬੀਰ ਸਿੰਘ ਰੰਧਾਵਾ ਅਤੇ ਰਾਜਿੰਦਰ ਸਿੰਘ ਸੀਨੀਅਰ ਵੀ ਸ਼ਾਮਲ ਸਨ। ਸ਼ਿਲਾਨੰਦ ਲਾਕੜਾ ਅਤੇ ਦਿਲਪ੍ਰੀਤ ਸਿੰਘ ਨੇ ਦੋ-ਦੋ ਗੋਲ ਕੀਤੇ, ਜਦੋਂ ਕਿ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਹੋਰ ਸਾਥੀਆਂ ਨੇ ਇੱਕ-ਇੱਕ ਗੋਲ ਦਾ ਯੋਗਦਾਨ ਪਾਇਆ। ਕੋਰੀਆ ਦੇ ਸੰਜੁਨ ਹਾਨ ਨੇ ਇੱਕ ਗੋਲ ਕਰਕੇ ਆਪਣੀ ਟੀਮ ਦਾ ਸਨਮਾਨ ਬਚਾਇਆ। ਇਸ ਤੋਂ ਪਹਿਲਾਂ, ਚੀਨ ਨੇ ਬੰਗਲਾਦੇਸ਼ ਨੂੰ 3-1 ਨਾਲ ਹਰਾ ਕੇ ਟੂਰਨਾਮੈਂਟ ਵਿੱਚ ਪੰਜਵਾਂ ਸਥਾਨ ਹਾਸਿਲ ਕੀਤਾ। ਅੱਜ ਇਹ ਦੇਖਣਾ ਦਿਲਚਸਪ ਹੋਵੇਗਾ ਕਿ ਮੌਜੂਦਾ ਚੈਂਪੀਅਨ ਅਤੇ ਪੰਜ ਵਾਰ ਦੀ ਏਸ਼ੀਅਨ ਚੈਂਪੀਅਨਜ਼ ਟਰਾਫੀ ਜੇਤੂ, ਭਾਰਤੀ ਟੀਮ, ਫਾਈਨਲ ਵਿੱਚ ਜਾਪਾਨ ਦਾ ਸਾਹਮਣਾ ਕਿਵੇਂ ਕਰਦੀ ਹੈ।

ਤਿਉਹਾਰੀ ਸੀਜ਼ਨ ਦੇ ਮੱਦੇਨਜ਼ਰ ਪੰਜਾਬ ਦੇ ਖੁਰਾਕ ਸੁਰੱਖਿਆ ਵਿਭਾਗ ਵੱਲੋਂ ਸੂਬੇ ਵਿੱਚ ਖਾਣ ਵਾਲੀਆਂ ਵਸਤਾਂ ਵਿੱਚ ਮਿਲਾਵਟਖੋਰੀ ਰੋਕਣ ਲਈ ਚੈਕਿੰਗ ਜਾਰੀ ਏ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ

ਸਿੰਘ ਨੇ ਦੱਸਿਆ ਕਿ ਪਿਛਲੇ ਇੱਕ ਮਹੀਨੇ ਦੌਰਾਨ ਖੁਰਾਕ ਸੁਰੱਖਿਆ ਵਿਭਾਗ ਨੇ 11 ਟਨ ਤੋਂ ਵੱਧ ਅਜਿਹੇ ਖੁਰਾਕੀ ਪਦਾਰਥ ਜ਼ਬਤ ਕੀਤੇ ਨੇ, ਜਿਨ੍ਹਾਂ ਦੇ ਅਸੁਰੱਖਿਅਤ ਹੋਣ ਦਾ ਸ਼ੱਕ ਸੀ। ਇਨ੍ਹਾਂ ਖਾਣ-ਯੋਗ ਪਦਾਰਥਾਂ ਵਿੱਚ ਦੇਸੀ ਘਿਓ, ਪਨੀਰ, ਖੋਆ, ਮਠਿਆਈ ਤੇ ਖਾਣ-ਯੋਗ ਤੇਲ ਸ਼ਾਮਲ ਨੇ। ਇਹ ਕਾਰਵਾਈ ਭਵਿੱਖ ਵਿਚ ਜਾਰੀ ਰਹੇਗੀ।